# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-09-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਦਿੱਲੀ ਵਿੱਚ 8ਵੇਂ ਭਾਰਤ ਜਲ ਹਫ਼ਤੇ ਦਾ ਉਦਘਾਟਨ ਕੀਤਾ - ਉਨ੍ਹਾਂ ਜਲ ਸੰਭਾਲ ਦੇ ਟੀਚਿਆਂ ਦੀ ਪ੍ਰਾਪਤੀ ਲਈ, ਲੋਕ ਲਹਿਰ ਚਲਾਉਣ ਦੀ ਲੋੜ 'ਤੇ ਜ਼ੋਰ ਦਿੱਤਾ।
- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਨਰੇਂਦਰ ਮੋਦੀ ਸਰਕਾਰ ਦੇ ਤੀਜੇ ਕਾਰਜਕਾਲ ਦੇ 100 ਦਿਨ ਪੂਰੇ ਹੋਣ ਦੇ ਮੌਕੇ ਕਿਹਾ ਕਿ ਇਸ ਸਮੇਂ ਦੌਰਾਨ, 15 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਗਏ।
- ਪੰਜਾਬ ਸਮੇਤ ਦੇਸ਼ ਭਰ ਵਿਚ, 'ਸਵੱਛਤਾ ਹੀ ਸੇਵਾ ਮੁਹਿੰਮ ਦਾ ਆਗਾਜ਼ ।
- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿਖੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਪਰਦਾਫਾਸ਼ ਕਰਦਿਆਂ, ਦੋ ਵੱਖ

ਵੱਖ ਮਾਮਲਿਆਂ ਵਿਚ, 4 ਕਿਲੋ 580 ਗ੍ਰਾਮ ਹੈਰੋਇਨ ਅਤੇ 2 ਪਿਸਤੌਲਾਂ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।

------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਾਣੀ ਦੀ ਸੰਭਾਲ, ਉਨਤ ਪ੍ਰਬੰਧਨ, ਵਿਕਾਸ ਅਤੇ ਵੰਡ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ, ਲੋਕ ਲਹਿਰ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਏ। ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ, ਅੱਜ 8ਵੇਂ ਭਾਰਤ ਜਲ ਹਫ਼ਤੇ ਦਾ ਉਦਘਾਟਨ ਕਰਦਿਆਂ, ਰਾਸ਼ਟਰਪਤੀ ਨੇ ਪਾਣੀ ਦੀ ਸੰਭਾਲ ਅਤੇ ਸਥਿਰਤਾ ਦੇ ਮੁੱਦੇ ਨਾਲ ਨਜਿੱਠਣ ਲਈ ਸਾਂਝੇ ਉਪਰਾਲਿਆਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤ ਦੇ ਪ੍ਰਾਚੀਨ ਗ੍ਰੰਥਾਂ ਵਿੱਚ ਹਜ਼ਾਰਾਂ ਸਾਲ ਪਹਿਲਾਂ, ਪਾਣੀ ਦੀ ਸੰਭਾਲ ਦਾ ਜ਼ਿਕਰ ਕੀਤਾ ਗਿਆ ਏ।BYTE:

------------------------------------------------------------

ਨਰੇਂਦਰ ਮੋਦੀ ਸਰਕਾਰ ਨੇ ਆਪਣੇ ਤੀਜੇ ਕਾਰਜਕਾਲ ਦੇ 100 ਦਿਨ ਪੂਰੇ ਕਰ ਲਏ ਨੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੇ ਤੀਜੇ

ਕਾਰਜਕਾਲ ਦੇ ਪਹਿਲੇ 100 ਦਿਨ, ਸਾਰਿਆਂ ਲਈ ਪ੍ਰਭਾਵਸ਼ਾਲੀ ਵਿਕਾਸ ਲੈ ਕੇ ਆਏ ਨੇ। ਉਨ੍ਹਾਂ ਕਿਹਾ ਕਿ ਇਸ ਦੌਰਾਨ ਕਈ ਅਹਿਮ ਫੈਸਲੇ ਲਏ ਗਏ। ਇਨ੍ਹਾਂ ਫੈਸਲਿਆਂ ਨੇ ਲੋਕਾਂ ਦੇ ਜੀਵਨ 'ਤੇ ਸਕਾਰਾਤਮਕ ਪ੍ਰਭਾਵ ਪਾਇਆ ਏ ਅਤੇ ਸਾਲ 2047 ਤੱਕ ਵਿਕਸਤ ਭਾਰਤ ਦੀ ਮਜ਼ਬੂਤ ਨੀਂਹ ਰੱਖੀ ਏ। BYTE: ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਨਰੇਂਦਰ ਮੋਦੀ ਸਰਕਾਰ ਨੇ ਦੇਸ਼ ਦੀ ਸੁਰੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਕੇ, ਸੁਰੱਖਿਅਤ ਭਾਰਤ ਦਾ ਨਿਰਮਾਣ ਕੀਤਾ ਏ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਮਿਤ ਸ਼ਾਹ ਨੇ ਕਿਹਾ ਕਿ ਸਰਕਾਰ ਨੇ ਦੇਸ਼ ਨੂੰ ਤਰੱਕੀ ਦੇ ਰਾਹ 'ਤੇ ਲਿਜਾਣ ਲਈ ਪਿਛਲੇ 10 ਸਾਲਾਂ 'ਚ ਕਈ ਕਦਮ ਚੁੱਕੇ ਨੇ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਸਰਕਾਰ ਰੱਖਿਆ ਖੇਤਰ ਵਿੱਚ, ਭਾਰਤ ਨੂੰ ਆਤਮ-ਨਿਰਭਰ ਬਣਾਉਣ ਲਈ ਵਚਨਬੱਧ ਏ। ਸਰਕਾਰ ਦੇ 100 ਦਿਨਾਂ ਦੇ ਕਾਰਜਕਾਲ ਦੀ ਸ਼ਲਾਘਾ ਕਰਦਿਆਂ, ਸ੍ਰੀ ਸਿੰਘ ਨੇ ਕਿਹਾ ਕਿ ਪਿਛਲੇ ਤਿੰਨ ਮਹੀਨਿਆਂ ਵਿੱਚ ਮੰਤਰਾਲੇ ਨੇ ਡੇਢ

ਲੱਖ ਕਰੋੜ ਰੁਪਏ ਦੀਆਂ ਰੱਖਿਆ ਖਰੀਦ ਨੂੰ ਮਨਜ਼ੂਰੀ ਦਿੱਤੀ ਏ ।

BYTE

-------------------------------------------------------------

ਆਮ ਆਦਮੀ ਪਾਰਟੀ ਨੇ ਐਲਾਨ ਕੀਤਾ ਏ, ਕਿ ਪਾਰਟੀ ਦੇ ਸੀਨੀਅਰ ਆਗੂ ਆਤਿਸ਼ੀ ਮਾਰਲੇਨਾ ਦਿੱਲੀ ਦੇ ਨਵੇਂ ਮੁੱਖ ਮੰਤਰੀ ਹੋਣਗੇ । ਉਨ੍ਹਾਂ ਨੂੰ ਅੱਜ ਨਵੀਂ ਦਿੱਲੀ ਵਿੱਚ ਪਾਰਟੀ ਵਿਧਾਇਕਾਂ ਦੀ ਮੀਟਿੰਗ ਦੌਰਾਨ, ਆਮ ਆਦਮੀ ਪਾਰਟੀ ਵਿਧਾਇਕਾਂ ਦੀ ਪਾਰਟੀ ਦਾ ਆਗੂ ਚੁਣਿਆ ਗਿਆ ਏ । ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਦਿੱਲੀ ਦੇ ਮੰਤਰੀ ਗੋਪਾਲ ਰਾਏ ਨੇ ਕਿਹਾ ਕਿ ਸਰਬ-ਸੰਮਤੀ ਨਾਲ ਫੈਸਲਾ ਕੀਤਾ ਗਿਆ ਏ ਕਿ ਆਤਿਸ਼ੀ ਮਾਰਲੇਨਾ, ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੱਕ ਮੁੱਖ ਮੰਤਰੀ ਬਣੇ ਰਹਿਣਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦਿੱਲੀ ਦੇ ਨਵੇਂ ਮੁੱਖ ਮੰਤਰੀ ਆਤਿਸ਼ੀ ਮਾਰਲੇਨਾ ਨੇ ਪਾਰਟੀ ਪ੍ਰਧਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ, ਲਗਾਤਾਰ ਮਿਹਨਤ ਕਰਦੇ ਰਹਿਣਗੇ ਅਤੇ ਦਿੱਲੀ ਦੇ ਲੋਕਾਂ ਲਈ ਪਹਿਲਾਂ ਤੋਂ ਚੱਲ ਰਹੀਆਂ ਯੋਜਨਾਵਾਂ ਨੂੰ ਵੀ ਜਾਰੀ ਰੱਖਿਆ ਜਾਵੇਗਾ।

---

ਸਵੱਛਤਾ ਹੀ ਸੇਵਾ ਮੁਹਿੰਮ ਅੱਜ ਤੋਂ ਸ਼ੁਰੂ ਹੋ ਗਈ ਏ। ਇਹ 2 ਅਕਤੂਬਰ ਤੱਕ ਜਾਰੀ ਰਹੇਗੀ। ਇਸ ਸਾਲ ਦਾ ਵਿਸ਼ਾ ''ਸੁਭਾਅ ਸਵੱਛਤਾ, ਸੰਸਕਾਰ ਸਵੱਛਤਾ'' ਰੱਖੇ ਗਿਆ ਏ। ਇਸ ਮੌਕੇ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਲੁਧਿਆਣਾ ਵਿਖੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਪਿੰਡਾਂ ਵਿੱਚ ਸਵੱਛਤਾ ਨੂੰ ਉਤਸ਼ਾਹਿਤ ਕਰਨ ਲਈ ਸਵੱਛਤਾ ਹੀ ਸੇਵਾ- ਮੁਹਿੰਮ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਕੂੜੇ ਅਤੇ ਰਹਿੰਦ-ਖੂੰਹਦ ਨੂੰ ਸਾਫ਼ ਕਰਨਾ ਏ , ਨਾਲ ਹੀ ਗ੍ਰਾਮ ਸਭਾਵਾਂ ਰਾਹੀਂ ਇਕੋ ਵਾਰ ਵਰਤੇ ਜਾਣ ਵਾਲੇ ਪਲਾਸਟਿਕ ਦੇ ਖ਼ਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਏ । ਉਨ੍ਹਾਂ ਦੱਸਿਆ ਕਿ ਅਗਲੇ 15 ਦਿਨਾਂ ਵਿੱਚ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੁਆਰਾ ਇੱਕ ਵਿਆਪਕ ਸਫਾਈ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ। ਇਸ ਸਾਲ ਪਿੰਡਾਂ ਵਿੱਚ ਵਿਰਾਸਤੀ ਰਹਿੰਦ-ਖੂੰਹਦ ਦੇ ਪ੍ਰਬੰਧਨ , ਕੂੜਾ ਅਤੇ ਛੱਪੜਾਂ ਦੀ ਸਫ਼ਾਈ, ਠੋਸ ਅਤੇ ਤਰਲ ਰਹਿੰਦ-ਖੂੰਹਦ ਪ੍ਰਬੰਧਨ, ਜਾਗਰੂਕਤਾ ਰੈਲੀਆਂ, ਸਫ਼ਾਈ ਦੇ ਵਾਅਦੇ, ਬੂਟੇ

ਲਾਉਣਾ ਸ਼ਾਮਿਲ ਏ । ਉਨ੍ਹਾਂ ਕਿਹਾ ਕਿ ਪ੍ਰਸ਼ਾਸਨ, ਪੰਚਾਇਤਾਂ ਦੇ ਪੇਂਡੂ ਵਿਕਾਸ ਵਿਭਾਗ, ਅਤੇ ਹੋਰ ਹਿੱਸੇਦਾਰਾਂ ਦੇ ਸਹਿਯੋਗ ਨਾਲ, ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਹਰਿਆ ਭਰਿਆ ਰੱਖਣ ਲਈ ਭਾਈਚਾਰੇ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਏ । ਓਧਰ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕਰਦਿਆਂ ਹਦਾਇਤ ਕੀਤੀ ਕਿ ਸਵੱਛਤਾ ਹੀ ਸੇਵਾ ਮੁਹਿੰਮ ਨੂੰ ਹਰੇਕ ਘਰ ਤੱਕ ਪਹੁੰਚਾਇਆ ਜਾਵੇ ਤਾਂ ਕਿ ਇਹ ਲੋਕਾਂ ਦੀ ਜ਼ਿੰਦਗੀ ਦਾ ਅਹਿਮ ਹਿੱਸਾ ਬਣ ਸਕੇ । ਉਨ੍ਹਾਂ ਕਿਹਾ ਕਿ ਇਸ ਸਵੱਛਤਾ ਹੀ ਸੇਵਾ ਪਖਵਾੜੇ ਦੌਰਾਨ ਸਵੱਛਤਾ ਵਿੱਚ ਲੋਕਾਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਇਸ ਦੌਰਾਨ ਸਫ਼ਾਈ ਮਿੱਤਰ ਸੁਰੱਖਿਆ ਕੈਂਪ ਵੀ ਲਗਾਏ ਜਾਣਗੇ, ਜਿੱਥੇ ਸਫ਼ਾਈ ਕਰਮਚਾਰੀਆਂ ਦੀ ਭਲਾਈ ਨਾਲ ਸੰਬੰਧਿਤ ਸੇਵਾਵਾਂ ਉਨ੍ਹਾਂ ਨੂੰ ਦਿੱਤੀਆਂ ਜਾਣਗੀਆਂ। ਏਧਰ ਮੋਗਾ ਦੀ ਵਿਧਾਇਕ ਡਾ ਅਮਨਦੀਪ ਕੋਰ ਅਰੋੜਾ ਦਾ ਕਹਿਣਾ ਏ ਕਿ ਸਮੂਹ ਨਾਗਰਿਕਾਂ ਦੇ ਸੁਭਾਅ ਅਤੇ ਸੰਸਕਾਰਾਂ ਵਿੱਚ ਸਵੱਛਤਾ ਦੇ ਮਨੋਰਥ ਨੂੰ ਪੂਰਾ ਕਰਨ ਲਈ, ਇਹ ਮੁਹਿੰਮ 18

ਸਤੰਬਰ ਨੂੰ ਦਫਤਰਾਂ ਦੀ ਸਾਫ਼ ਸਫ਼ਾਈ, ਪਿੰਡਾਂ ਵਿੱਚ ਸਵੱਛਤਾ ਸਹੁੰ, ਸਵੱਛਤਾ ਰੈਲੀਆਂ, ਸਕੂਲਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਜਦਕਿ 19 ਸਤੰਬਰ ਨੂੰ ਇੱਕ ਰੁੱਖ ਮਾਂ ਦੇ ਨਾਮ ਮੁਹਿੰਮ ਤਹਿਤ ਠੋਸ ਤੇ ਤਰਲ ਰਹਿੰਦ ਖੂੰਹਦ ਪ੍ਰਬੰਧਨ, ਵਾਟਰ ਟ੍ਰੀਟਮੈਂਟ ਪਲਾਂਟ, ਵਾਟਰ ਵਰਕਸ, ਗਊਸ਼ਾਲਾਵਾਂ, ਪਾਰਕਾਂ ਤੇ ਬੂਟੇ ਲਗਾਏ ਜਾਣਗੇ। 20 ਸਤੰਬਰ ਨੂੰ ਰਹਿੰਦ ਖੂਹੰਦ ਤੋਂ ਆਰਟ, ਖਾਦ ਦੀਆਂ ਪ੍ਰਦਰਸ਼ਨੀਆਂ, ਕੂੜੇ ਤੋਂ ਖਾਦ ਬਣਾਉਣ ਲਈ ਪ੍ਰਚਾਰ ਅਤੇ 21 ਸਤੰਬਰ ਨੂੰ ਫੂਡ ਸਟਰੀਟ, ਮੇਲਾ ਮੈਦਾਨਾਂ ਵਿੱਚ ਸਵੱਛ ਭਾਰਤ ਮਿਸ਼ਨ ਦੇ ਸਮਾਗਮ ਕੀਤੇ ਜਾਣਗੇ। 2 ਅਕਤੂਬਰ ਨੂੰ ਸਵੱਛ ਭਾਰਤ ਦਿਵਸ 2024 ਮੁਹਿੰਮ ਦੀ ਸਫਲਤਾ ਦਾ ਜਸ਼ਨ ਅਤੇ ਸਮਾਪਤੀ ਸਮਾਗਮ ਕੀਤਾ ਜਾਵੇਗਾ। ਇਸੇ ਸਿਲਸਿਲੇ ਵਿਚ ਤਰਨਤਾਰਨ ਦੇ ਸਾਰੇ ਸਰਕਾਰੀ, ਪ੍ਰਾਈਵੇਟ, ਏਡਿਡ ਸਕੂਲਾਂ ਵਿੱਚ ਸਵੱਛਤਾ ਬਾਰੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ । ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਵੱਛ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ, ਅਧਿਆਪਕਾਂ ਅਤੇ ਕਮਿਊਨਿਟੀ ਦੀ ਭਾਗੀਦਾਰੀ ਨੂੰ ਯਕੀਨੀ ਬਣਾਇਆ

ਜਾਂਦਾ ਏ ਜਿਸਦਾ ਉਦੇਸ਼ ਸਕੂਲਾਂ ਵਿੱਚ ਸਫਾਈ ਅਤੇ ਸਵੱਛਤਾ ਨੂੰ ਲੰਬੇ ਸਮੇਂ ਤੱਕ ਬਣਾਈ ਰੱਖਣਾ ਏ । ਉਨ੍ਹਾਂ ਦਸਿਆ ਕਿ ਸਵੱਛਤਾ ਹੀ ਸੇਵਾ ਦੌਰਾਨ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਫਤਹਿਗੜ੍ਹ ਵਿਖੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਅਤੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਇਸ ਮੁਹਿੰਮ ਦੀ ਸ਼ੁਰੂਆਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ " ਏਕ ਰੁੱਖ ਮਾਂ ਕੇ ਨਾਮ " ਅਧੀਨ ਬੂਟੇ ਲਗਾ ਕੇ ਕੀਤੀ। ਲਖਬੀਰ ਸਿੰਘ ਰਾਏ ਨੇ ਕਿਹਾ ਕਿ ਦਿਨੋਂ ਦਿਨ ਵੱਧ ਰਿਹਾ ਵਾਤਾਵਰਣ ਪ੍ਰਦੂਸ਼ਣ ਅੱਜ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਬਣ ਕੇ ਸਾਹਮਣੇ ਆ ਰਿਹਾ ਏ ਅਤੇ ਜੇਕਰ ਵਾਤਾਵਰਣ ਪ੍ਰਦੂਸ਼ਣ ਨੂੰ ਠੱਲ ਪਾਉਣ ਲਈ ਅਸੀਂ ਹੁਣ ਤੋਂ ਵੀ ਸੁਚੇਤ ਨਾ ਹੋਏ ਤਾਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਨੇ । ਇਸ ਲਈ ਪ੍ਰਦੂਸਣ ਰਹਿਤ ਮਾਹੌਲ ਸਿਰਜਣ ਲਈ ਵੱਧ ਤੋ. ਵੱਧ ਬੂਟੇ ਲਗਾਓਣਾ ਸਮੇਂ ਦੀ ਲੋੜ ਏ । 'ਜਹਾਂ ਸਫ਼ਾਈ ਵਹਾਂ ਖੁਦਾਈ' ਦਾ ਨਾਅਰਾ ਦਿੰਦਿਆਂ 'ਸਵੱਛਤਾ ਹੀ ਸੇਵਾ ਮੁਹਿੰਮ' ਤਹਿਤ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ

ਸਾਹਿਬ ਰਾਜੇਸ਼ ਤ੍ਰਿਪਾਠੀ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਸਮੁੱਚੀ ਟੀਮ ਅੱਜ ਜ਼ਿਲ੍ਹਾ ਵਾਸੀਆਂ ਨੂੰ ਸਫਾਈ ਪ੍ਰਤੀ ਸੰਜੀਦਾ ਹੋਣ ਦਾ ਸੁਨੇਹਾ ਦੇਣ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅਤੇ ਆਲੇ-ਦੁਆਲੇ ਸਫ਼ਾਈ ਕਰਨ ਲਈ ਸਫਾਈ ਕਾਮਿਆਂ ਵਾਂਗ ਨਿਤਰੀ । ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਦਫ਼ਤਰ, ਘਰਾਂ ਅੰਦਰ ਅਤੇ ਬਾਹਰ ਸਫਾਈ ਦਾ ਪੂਰਾ ਧਿਆਨ ਰੱਖਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਇਸ ਪੰਦਰਵਾੜੇ ਤਹਿਤ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕੀਤਾ ਜਾਵੇਗਾ।

-----------------------------------------------------------

ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿਖੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਪਰਦਾਫਾਸ਼ ਕਰਦਿਆਂ, ਦੋ ਵੱਖ ਵੱਖ ਮਾਮਲਿਆਂ ਵਿਚ, 4 ਕਿਲੋ 580 ਗ੍ਰਾਮ ਹੈਰੋਇਨ ਅਤੇ 2 ਪਿਸਤੌਲਾਂ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ । ਅੰਮ੍ਰਿਤਸਰ, ਕਮਿਸ਼ਨਰੇਟ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੀ ਤੱਸਕਰ ਹਰਗੋਬਿੰਦਪੁਰਾ ਦੇ ਗੋਲਡਨ ਐਵੇਨਿਊ ਦੀ ਰਹਿਣ ਵਾਲੀ ਕੰਵਲਜੀਤ ਕੌਰ ਉਰਫ ਮਾਸੀ ਨੂੰ 4 ਕਿਲੋ 580 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਪੁਲਿਸ ਕਮਿਸ਼ਨਰ

ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਕੰਵਲਜੀਤ ਕੌਰ ਅਤੇ ਉਸਦੇ ਪਰਿਵਾਰਕ ਮੈਂਬਰ ਜੁਗਰਾਜ ਸਿੰਘ, ਪ੍ਰਤਾਪ ਸਿੰਘ, ਪਾਕਿਸਤਾਨ ਅਧਾਰਿਤ ਵੱਖ-ਵੱਖ ਨਸ਼ਾ ਤੱਸਕਰਾਂ ਦੇ ਨਾਲ ਸਿੱਧੇ ਸੰਪਰਕ ਵਿੱਚ ਸਨ ਅਤੇ ਇਹ ਨਸ਼ੀਲੇ ਪਦਾਰਥਾਂ ਦੀ ਤੱਸਕਰੀ ਕਰ ਰਹੇ ਸਨ। ਨਸ਼ੇ ਦੀ ਖੇਪ ਨੂੰ ਪਾਕਿਸਤਾਨ ਤੋਂ ਲਿਆਉਣ ਲਈ ਡਰੋਨ ਦੀ ਵਰਤੋਂ ਕੀਤੀ ਜਾ ਰਹੀ ਸੀ । ਮਾਮਲੇ ਦੀ ਜਾਂਚ ਜਾਰੀ ਏ । ਕਮਿਸ਼ਨਰ ਪੁਲਿਸ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਭਰੋਸੇਯੋਗ ਸੂਚਨਾ ਦੇ ਅਧਾਰ ਤੇ ਹਨ ਨੂੰ ਕਾਬੂ ਕੀਤਾ ਏ। ਦੂਜੇ ਮਾਮਲੇ ਵਿੱਚ ਅੰਮ੍ਰਿਤਸਰ ਪੁਲਿਸ ਨੇ ਗੁਪਤ ਸੂਚਨਾ ‘ਤੇ ਤੁਰੰਤ ਕਾਰਵਾਈ ਕਰਦਿਆਂ 3 ਜਣਿਆ ਨੂੰ ਕਾਬੂ ਕਰਕੇ 2 ਪਿਸਤੌਲ ਤੇ ਕਾਰਤੂਸ ਬਰਾਮਦ ਕੀਤੇ ਨੇ । ਗ੍ਰਿਫ਼ਤਾਰ ਕੀਤੇ ਦੋਸ਼ੀਆ ਦੀ ਪਛਾਣ ਵਿਸ਼ਾਲ ਕੁਮਾਰ ,ਨਰੇਸ਼ ਕੁਮਾਰ ਉਰਫ ਮਣੀ ਅਤੇ ਗੁਰਪ੍ਰੀਤ ਸਿੰਘ ਉਰਫ ਗੋਪੀ, ਵਜੋਂ ਹੋਈ ਏ , ਇਹ ਸਾਰੇ ਜ਼ਿਲਾ ਅੰਮ੍ਰਿਤਸਰ ਦੇ ਪਿੰਡ ਡੰਡੇ ਦੇ ਰਹਿਣ ਵਾਲੇ ਨੇ। ਉਨ੍ਹਾਂ ਦਸਿਆ ਕਿ ਇਨਾ ਕੋਲੋਂ 7 ਕਾਰਤੂਸ ਤੇ ਇੱਕ ਕਾਰ ਵੀ ਜ਼ਬਤ ਕੀਤੀ ਗਈ ਏ। ਇਨਾ ਖਿਲਾਫ ਅਸਲ ਐਕਟ ਦੀ ਧਾਰਾ ਤਹਿਤ ਮੁਕੱਦਮਾਂ ਦਰਜ਼ ਕੀਤਾ ਗਿਆ ਏ।

-------------------------------------------------------

ਪੰਜਾਬ ਭਾਸ਼ਾ ਵਿਭਾਗ ਵੱਲੋਂ ਬੀਤੀ ਸ਼ਾਮ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਦੇ ਸਹਿਯੋਗ ਨਾਲ ਕਾਲੀਦਾਸ ਆਡੀਟੋਰੀਅਮ ਵਿਖੇ ਹਿੰਦੀ ਦਿਵਸ ਸਮਾਗਮ ਕਰਵਾਇਆ ਗਿਆ। ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਦੇਖ੍ ਰੇਖ ’ਚ ਹੋਏ ਇਸ ਸਮਾਗਮ ਦਾ ਮੁੱਖ ਆਕਰਸ਼ਨ ਨਾਟਕ ਵਾਲਾ ਗਰੁੱਪ ਵੱਲੋਂ ਰਾਜੇਸ਼ ਸ਼ਰਮਾ ਦੀ ਨਿਰਦੇਸ਼ਨਾ ’ਚ ਪੇਸ਼ ਕੀਤਾ ਗਿਆ ਮੁਨਸ਼ੀ ਪ੍ਰੇਮ ਚੰਦ ਦੇ ਨਾਵਲ ‘ਗੋਦਾਨ’ ਦਾ ਨਾਟਕੀ ਰੂਪਾਂਤਰਨ ਰਿਹਾ। ਇਸ ਸਮਾਗਮ ਦੀ ਪ੍ਰਧਾਨਗੀ ਪਦਮ ਸ੍ਰੀ ਡਾ. ਰਤਨ ਸਿੰਘ ਜੱਗੀ ਨੇ ਕੀਤੀ ਅਤੇ ਸ਼ਹੀਦ ਊਧਮ ਸਿੰਘ ਕਾਲਜ ਸੁਨਾਮ ਦੇ ਹਿੰਦੀ ਵਿਭਾਗ ਦੇ ਮੁਖੀ ਡਾ. ਵਿਕਾਸ ਕੁਮਾਰ ਨੇ ਮੁੱਖ ਬੁਲਾਰੇ ਵਜੋਂ ‘ਹਿੰਦੀ ਭਾਸ਼ਾ ਦੀ ਪੰਜਾਬ ’ਚ ਅਜੋਕੀ ਸਥਿਤੀ’ ਵਿਸ਼ੇ ’ਤੇ ਵਿਚਾਰ ਪ੍ਰਗਟ ਕੀਤੇ। ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਸਾਰੀਆਂ ਹੀ ਭਾਸ਼ਾਵਾਂ ਤੇ ਜ਼ੁਬਾਨਾਂ ਹਮੇਸ਼ਾ ਹੀ ਇੱਕ ਦੂਜੇ ਨਾਲ ਸ਼ਬਦਾਂ ਦਾ ਅਦਾਨ ਪ੍ਰਦਾਨ ਕਰਦੀਆਂ ਨੇ । ਜਿਸ ਸਦਕਾ ਹੀ ਭਾਸ਼ਾਵਾਂ ਦਾ ਨਿਰੰਤਰ ਵਿਕਾਸ ਹੁੰਦਾ ਰਹਿੰਦਾ ਏ । ਉਨ੍ਹਾਂ ਕਿਹਾ ਕਿ ਸਾਨੂੰ ਵਖਰੇਵਿਆਂ ਤੋਂ ਉੱਪਰ ਉੱਠ ਕੇ

ਸਾਰੀਆਂ ਭਾਸ਼ਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਏ ਅਤੇ ਵੱਧ ਤੋਂ ਵੱਧ ਭਾਸ਼ਾਵਾਂ ਸਿੱਖਣੀਆਂ ਚਾਹੀਦੀਆਂ ਨੇ । ਜਿਸ ਨਾਲ ਸਾਡੇ ਗਿਆਨ 'ਚ ਅਥਾਹ ਵਾਧਾ ਹੁੰਦਾ ਏ

-------------------------------------------------------------

ਕੁਦਰਤੀ ਸੋਮੇ ਬਚਾਉਣ ਅਤੇ ਸਭ ਨੂੰ ਖੁਸ਼ਹਾਲ ਬਣਾਉਣ 'ਦੇ ਉਦੇਸ਼ ਨਾਲ 'ਖੇਤਰੀ ਕਿਸਾਨ ਮੇਲਾ' ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤਰੀ ਕੇਂਦਰ ਗੁਰਦਾਸਪੁਰ ਵਿਖੇ ਕੱਲ ਨੂੰ ਲਗਾਇਆ ਜਾ ਰਿਹਾ ਏ । ਯੂਨੀਵਰਸਿਟੀ ਖੇਤਰੀ ਕੇਂਦਰ ਦੇ ਨਿਰਦੇਸ਼ਕ ਡਾ ਹਰਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਸੂਬੇ ਦੇ ਖੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ,ਮੁੱਖ ਮਹਿਮਾਨ ਹੋਣਗੇ । ਇਸ ਮੇਲੇ ਵਿੱਚ ਹਾੜੀ ਦੀਆਂ ਫ਼ਸਲਾਂ ਦੇ ਸੁਧਰੇ ਬੀਜ, ਫਲ਼ਦਾਰ ਬੂਟੇ ਅਤੇ ਸ਼ਬਜੀਆਂ ਦੀ ਪਨੀਰੀ ਮੁਹੱਈਆ ਕਰਵਾਈ ਜਾਵੇਗੀ । ਵੱਖ ਵੱਖ ਵਿਸ਼ਾ ਮਾਹਿਰਾ ਵੱਲੋ ਹਾੜੀ ਦੀਆਂ ਫ਼ਸਲਾਂ ਦੀ ਕਾਸ਼ਤ ਬਾਰੇ ਤਕਨੀਕੀ ਜਾਣਕਾਰੀ ਅਤੇ ਕਿਸਾਨਾਂ ਦੀਆਂ ਖੇਤੀ ਮੁਸ਼ਕਿਲਾਂ ਬਾਰੇ ਸੁਆਲ-ਜੁਆਬ ਵੀ ਹੋਣਗੇ। ਇਸ ਤੋ ਇਲਾਵਾ ਪੀ ਏ ਯੂ ਅਤੇ ਪ੍ਰਾਈਵੇਟ

ਕੰਪਨੀਆਂ ਵੱਲੋ ਸਟਾਲ ਤੇ ਪ੍ਰਦਰਸ਼ਨੀਆਂ ਵੀ ਲਗਾਏ ਜਾਣਗੇ, ਜਿਸ ਵਿੱਚ ਕਿਸਾਨ ਵੀਰਾਂ ਅਤੇ ਬੀਬੀਆਂ ਲਏ ਬਹੁਤ ਕੀਮਤੀ ਜਾਣਕਾਰੀ ਹੋਵੇਗੀ।ਉਨਾਂ ਕਿਸਾਨਾਂ ਨੂੰ ਖੇਤਰੀ ਕੇਂਦਰ, ਗੁਰਦਾਸਪੁਰ ਵਿਖੇ ਪਹੁੰਚਣ ਦੀ ਅਪੀਲ ਕੀਤੀ ਏ।

---------------------------------------------------------------

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਵਿੱਚ ਪੰਜਾਬ ਕਾਂਗਰਸ ਨੇ ਪੰਜਾਬ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਕਾਰਨ ਆਮ ਆਦਮੀ ਪਾਰਟੀ ਖਿਲਾਫ ਆਵਾਜ਼ ਬੁਲੰਦ ਕਰਨ ਲਈ, ਕੀਤੇ ਗਏ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ । ਪ੍ਰਦੇਸ਼ ਕਾਂਗਰਸ ਪ੍ਰਧਾਨ ਨੇ ਨਿੱਜੀ ਤੌਰ 'ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਜੰਡਿਆਲਾ ਗੁਰੂ, ਵਿਖੇ ਇੱਕ ਰੋਸ ਪ੍ਰਦਰਸ਼ਨ ਵਿੱਚ ਹਿੱਸਾ ਲਿਆ, ਜਿੱਥੇ ਗੈਂਗਸਟਰਾਂ ਅਤੇ ਅਪਰਾਧੀਆਂ ਦੇ ਵਧ ਰਹੇ ਜ਼ੁਲਮਾਂ ਤੋਂ ਪਰੇਸ਼ਾਨ ਵੱਡੀ ਗਿਣਤੀ ਵਿੱਚ ਵਸਨੀਕ, ਉਪ ਪੁਲਿਸ ਕਪਤਾਨ ਦੇ ਦਫ਼ਤਰ ਦੇ ਬਾਹਰ ਕਾਰਵਾਈ ਦੀ ਮੰਗ ਕਰਨ ਲਈ ਇਕੱਠੇ ਹੋਏ। ਇਸ ਰੋਸ ਪ੍ਰਦਰਸ਼ਨ ਨੇ ਸੂਬੇ ਭਰ ਵਿੱਚ

ਵੱਧ ਰਹੇ ਅਪਰਾਧਾਂ ਨੂੰ ਹੱਲ ਕਰਨ ਵਿੱਚ ਸਰਕਾਰ ਦੀ ਅਸਫਲਤਾ ਦੀ ਨਿੰਦਾ ਕਰਦਿਆਂ ਨਾਅਰੇਬਾਜ਼ੀ ਕੀਤੀ। ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਭਰ ਵਿੱਚ ਹਰ ਰੋਜ਼ ਅਪਰਾਧ ਵਿੱਚ ਚਿੰਤਾਜਨਕ ਵਾਧਾ ਦੇਖਣ ਨੂੰ ਮਿਲ ਰਿਹਾ ਏ।

------------------------------------------------------------

ਪਟਿਆਲਾ ਦੇ ਮੁੱਖ ਖੇਤੀਬਾੜੀ ਅਫ਼ਸਰ ਪਟਿਆਲਾ ਡਾ. ਜਸਵਿੰਦਰ ਸਿੰਘ ਵੱਲੋਂ ਪਿੰਡ ਚਲੈਲਾ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਵਿਚ ਬਲਾਕ ਪਟਿਆਲਾ ਦੇ ਸਰਕਲ ਲੰਗ, ਦੌਣਕਲਾਂ, ਧਬਲਾਨ ਅਤੇ ਗੱਜੂ-ਮਾਜਰਾ ਦੇ ਕਿਸਾਨਾਂ ਨੇ ਭਾਗ ਲਿਆ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਕੈਂਪ ਵਿਚ ਕਿਸਾਨਾਂ ਨੂੰ ਸਾਉਣੀ ਫਸਲਾਂ ਦੀ ਵਾਢੀ ਮਗਰੋਂ ਪਰਾਲੀ ਨੂੰ ਖੇਤਾਂ ਵਿਚ ਮਿਲਾਉਣ ਅਤੇ ਪਰਾਲੀ ਦੀਆਂ ਗੰਢਾਂ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਜ਼ਮੀਨ ਦੀ ਉਪਜਾਊ ਸ਼ਕਤੀ ਵਿਚ ਵਾਧਾ ਕਰਕੇ ਖਾਦਾਂ ਦੀ ਵਰਤੋਂ ਘਟਾਈ ਜਾ ਸਕੇ ਅਤੇ ਖੇਤੀ ਖ਼ਰਚੇ ਨੂੰ ਘਟਾ ਕੇ ਆਮਦਨੀ ਵਿਚ ਵਾਧਾ ਕੀਤਾ ਜਾ ਸਕੇ। ਡਾ. ਅਮਨਦੀਪ ਕੌਰ ਨੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ

ਮਿੱਟੀ ਪਰਖ, ਬਿਮਾਰੀਆਂ ਦੀ ਰੋਕਥਾਮ, ਪੀ.ਐਮ. ਕਿਸਾਨ ਨਿਧੀ, ਖਾਦਾਂ ਦੀ ਸੁਚੱਜੀ ਵਰਤੋਂ ਅਤੇ ਫ਼ਸਲੀ ਵਿਭਿੰਨਤਾ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦਿੱਤੀ। ਡਾ. ਪਰਮਜੀਤ ਕੌਰ ਨੇ ਕਿਸਾਨਾਂ ਨੂੰ ਮਸ਼ੀਨਾਂ ਉੱਪਰ ਦਿੱਤੀ ਜਾਣ ਵਾਲੀ ਸਬਸਿਡੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਦੱਸਿਆ ਅਤੇ ਅਪੀਲ ਕੀਤੀ ਕਿ ਕਿਸਾਨ ਇਸ ਕੰਮ ਵਿਚ ਖੇਤੀਬਾੜੀ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ। ਕਿਸਾਨਾਂ ਨਾਲ ਆਪਣੇ ਖੇਤੀ ਤਜਰਬੇ ਸਾਂਝੇ ਕੀਤੇ। ਖੇਤੀਬਾੜੀ ਅਫ਼ਸਰ ਪਟਿਆਲਾ ਨੇ ਦੱਸਿਆ ਕਿ ਬਲਾਕ ਘਨੌਰ ਪਿੰਡ ਕਾਮੀ ਖੁਰਦ ਵਿਖੇ ਅਜਿਹਾ ਕੈਂਪ ਕੱਲ ਨੂੰ ਲਗਾਇਆ ਜਾ ਰਿਹਾ ਏ ।